ਨੰ:2/31/08-2ਸਿ3 830

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਖਾਲਸਾ ਕਾਲਜ ਇੰਟਰਨੈਸ਼ਨਲ ਪਬਲਿਕ ਸਕੂਲ
ਰਣਜੀਤ ਐਵੀਨਿਊ, ਅੰਮ੍ਰਿਤਸਰ।

ਮਿਤੀ,ਚੰਡੀਗੜ੍ਹ 7/10/2008

ਵਿਸ਼ਾ:- ਖਾਲਸਾ ਕਾਲਜ ਇੰਟਰਨੈਸ਼ਨਲ ਪਬਲਿਕ ਸਕੂਲ ਰਣਜੀਤ ਐਵੀਨਿਊ, ਅੰਮ੍ਰਿਤਸਰ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

---

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਅੰਮ੍ਰਿਤਸਰ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.), ਪੰਜਾਬ, ਚੰਡੀਗੜ੍ਹ ਦੋਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜ਼ਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ /ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜ਼ਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅ.ਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜ਼ਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ

Principal
Khalsa College International
Public School, Ranjit Avenue, Amritsar

ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3 ਸੀ ਬੀ ਐਸ ਈ ਨਵੀ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4 ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਜਿਲ੍ਹਾ ਸਿੱਖਿਆ ਅਫਸਰ ਵਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਇਹ ਪ੍ਰਵਾਨਗੀ ਮਾਨਯੋਗ ਸਿੱਖਿਆ ਮੰਤਰੀ ਜੀ ਦੇ ਹੁਕਮ ਮਿਤੀ 23-9-08 ਅਨੁਸਾਰ ਜਾਰੀ ਕੀਤੀ ਜਾਂਦੀ ਹੈ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

ਪਿੱਠ ਅੰਕਣ ਨੰ 2/31/08-2ਸਿ3/ ਮਿਤੀ,ਚੰਡੀਗੜ੍ਹ

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ ਸਿ), ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ 15/67-2007 ਗ੍ਰਾਂਟ 1(5) ਮਿਤੀ 18.3.2008 ਦੇ ਹਵਾਲੇ ਵਿਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿਚ ਘੱਟ-ਘੱਟ ਇੱਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

Sd/-
ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

Principal
[illegible] International
Public School, Ranjit Avenue, Amritsar